Vigilance Bureau Punjab

**VIGILANCE NABS ASI, CLERK FOR TAKING BRIBE IN TWO DIFFERENT CASES**

Chandigarh, June 30: State Vigilance Bureau, nabbed an ASI and clerk for taking bribes in two different cases.

Disclosing this here an official spokesperson of the Vigilance Bureau Punjab said ASI Gurnam Singh posted at Special Excise Cell, Ferozepur was nabbed red handed while accepting bribe of Rs 5,500 on the complaint of Gurmej Singh of village Swaiya Rai Utaar, Ferozepur district. The complainant has approached the VB and alleged that the accused police official was demanding bribe Rs. 10,000 for not to register a police case against him and the deal was struck at Rs. 7500. The complainant had already paid Rs. 2,000 as a first installment to the ASI Gurnam Singh.

After verifying his information, the vigilance team laid a trap and the accused ASI was arrested on the spot while taking bribe of Rs. 5500 of second installment from the complainant in the presence of two official witnesses.

Likewise, in another bribery case, Balwinder Singh clerk posted at PSPCL Jaito, Faridkot was nabbed red handed while accepting bribe of Rs. 2,000 on the complaint of Baldev Singh of village Sada Patti, Faridkot district. The complainant has approached the VB and alleged that the accused clerk was demanding bribe Rs. 2,000 to help him for shifting his tubewell connection.

After verifying his information, the vigilance team laid a trap and the accused clerk was arrested on the spot while accepting bribe of Rs. 2000 from the complainant in the presence of two official witnesses.

He informed that two cases under section of prevention of corruption act have been registered against both the accused at VB police station, Ferozepur and further investigation is under progress.

## ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਵਲੋ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਏ.ਐਸ.ਆਈ ਤੇ ਕਲਰਕ ਰੰਗੇ ਹੱਥੀਂ ਕਾਬੂ**

ਚੰਡੀਗੜ੍ਹ, 30 ਜੂਨ: ਪੰਜਾਬ ਵਿਜੀਲੈਂਸ ਬਿਊਰੋ ਨੇ ਅੱਜ ਰਿਸ਼ਵਤ ਦੇ ਦੋ ਵੱਖ-ਵੱਖ ਕੇਸਾਂ ਵਿਚ ਏ.ਐਸ.ਆਈ ਤੇ ਕਲਰਕ ਰੰਗੇ ਹੱਥੀਂ ਕਾਬ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਸਪੈਸ਼ਲ ਐਕਸਾਇਜ ਸੈਲ ਫਿਰੋਜਪੁਰ ਵਿਖੇ ਤਾਇਨਾਤ ਏ.ਐਸ.ਆਈ ਗੁਰਨਾਮ ਸਿੰਘ ਨੂੰ ਸ਼ਿਕਾਇਤਕਰਤਾ ਗੁਰਮੇਜ ਸਿੰਘ ਵਾਸੀ ਪਿੰਡ ਸਵਾਇਆ ਰਾਏ ਉਤਾੜ, ਜਿਲਾ ਫਿਰੋਜਪੁਰ ਦੀ ਸ਼ਿਕਾਇਤ ’ਤੇ 5500 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਨਜਾਇਜ ਸ਼ਰਾਬ ਸਬੰਧੀ ਉਸ ਵਿਰੁੱਧ ਕੇਸ ਨਾ ਦਰਜ ਕਰਨ ਬਦਲੇ ਉਕਤ ਏ.ਐਸ.ਆਈ ਵਲੋ 10,000 ਰੁਪਏ ਦੀ ਮੰਗ ਕੀਤੀ ਗਈ ਹੈ ਅਤੇ ਸੌਦਾ 7500 ਰੁਪਏ ਵਿਚ ਤੈਅ ਹੋਇਆ ਹੈ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਵਲੋਂ 2000 ਰੁਪਏ ਪਹਿਲੀ ਕਿਸ਼ਤ ਵਜੋ ਉਕਤ ਏ.ਐਸ.ਆਈ ਨੂੰ ਅਦਾ ਕੀਤੇ ਜਾ ਚੁੱਕੇ ਹਨ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ ਦੂਜੀ ਕਿਸਤ ਦੇ 5500 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ।

ਇਸੇ ਤਰ੍ਹਾਂ ਰਿਸ਼ਵਤ ਦੇ ਇਕ ਹੋਰ ਮਾਮਲੇ ਵਿਚ ਪੀ.ਐਸ.ਪੀ.ਸੀ.ਐਲ ਜੈਤੋ, ਫਰੀਦਕੋਟ ਵਿਖੇ ਤਾਇਨਾਤ ਖਪਤਕਾਰ ਕਲਰਕ ਬਲਵਿੰਦਰ ਸਿੰਘ ਨੂੰ 2000 ਰੁਪਏ ਦੀ ਰਿਸ਼ਵਤ ਲੈਂਦਿਆਂ ਗ੍ਰਿਫਤਾਰ ਕੀਤਾ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਿਓਰੋ ਦੇ ਇਕ ਬੁਲਾਰੇ ਨੇ ਦੱਸਿਆ ਕਿ ਉਕਤ ਕਲਰਕ ਨੂੰ ਸ਼ਿਕਾਇਤਕਰਤਾ ਬਲਦੇਵ ਸਿੰਘ ਵਾਸੀ ਸਾਦਾ ਪੱਤੀ, ਜਿਲਾ ਫਰੀਦਕੋਟ ਦੀ ਸ਼ਿਕਾਇਤ ਤੇ ਗ੍ਰਿਫਤਾਰ ਕੀਤਾ ਗਿਆ ਹੈ। ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿਚ ਦੱਸਿਆ ਕਿ ਉਕਤ ਕਲਰਕ ਵਲੋ ਉਸ ਦਾ ਟਿਊਬਵੇਲ ਸ਼ਿਫਟ ਕਰਨ ਵਿਚ ਮਦਦ ਕਰਨ ਬਦਲੇ 2000 ਰੁਪਏ ਦੀ ਮੰਗ ਕੀਤੀ ਗਈ ਹੈ। ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਕਲਰਕ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 2000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ ‘ਤੇ ਹੀ ਦਬੋਚ ਲਿਆ।

ਉਨਾਂ ਦੱਸਿਆ ਕਿ ਦੋਹਾਂ ਦੋਸ਼ੀਆਂ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੇ ਥਾਣਾ ਫਿਰੋਜਪੁਰ ਵਿਚ ਮੁਕੱਦਮੇ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

---------------